## ਡਾਇਰੈਕਟਰ ਜਨਰਲ ਸਕੂਲ ਸਿੱਖਿਆ ਕਮ ਸਟੇਟ ਪ੍ਰੋਜੈਕਟ ਡਾਇਰੈਕਟਰ
## ਦਫ਼ਤਰ ਸਰਵ ਸਿਖਿਆ ਅਭਿਆਨ ਅਥਾਰਟੀ (ਪੰਜਾਬ)
**ਐਸ.ਸੀ.ਓ. 104-106,ਦੂਸਰੀ ਅਤੇ ਤੀਸਰੀ ਮੰਜਿਲ, ਸੈਕਟਰ 34-ਏ,ਚੰਡੀਗੜ**

---

ਵੱਲ

ਸਮੂਹ ਬਲਾਕ ਪ੍ਰਇਮਰੀ ਸਿੱਖਿਆ ਅਫਸਰ,
ਪੰਜਾਬ।(ਵੈਬਸਾਈਟ ਰਾਹੀਂ)

ਮੀਮੋ ਨੰ:- ਸਸਅ/2010/ਐਚਆਰ/66321-23
ਮਿਤੀ: ਚੰਡੀਗੜ੍ਹ/ 21.10.10

ਵਿਸ਼ਾ: **ਅਧਿਆਪਕਾਂ ਦੇ ਛੁੱਟੀ 'ਤੇ ਹੋਣ ਕਾਰਨ ਉਨ੍ਹਾਂ ਦੀ ਥਾਂ ਤੇ ਆਰਜ਼ੀ ਪ੍ਰਬੰਧ ਕਰਨ ਸਬੰਧੀ।**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ।

2.0 ਆਪ ਜੀ ਨੂੰ ਦੱਸਿਆ ਜਾਂਦਾ ਹੈ ਕਿ ਬੱਚਿਆ ਦੇ ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਕਾਨੂੰਨ 2009 ਤਹਿਤ ਸਕੂਲਾਂ ਵਿਚ ਬੱਚਿਆਂ ਦੀ ਗਿਣਤੀ ਅਨੁਸਾਰ ਅਧਿਆਪਕ ਮੁਹੱਈਆ ਕਰਵਾਉਣਾ ਲਾਜ਼ਮੀ ਹੈ। ਇਸ ਤਰ੍ਹਾਂ ਸਿੱਖਿਆ ਵਿਭਾਗ ਪੰਜਾਬ ਦੀ ਇਹ ਜ਼ਿੰਮੇਵਾਰੀ ਬਣਦੀ ਹੈ ਕਿ ਰਾਜ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿਚ ਬੱਚਿਆਂ ਲਈ ਅਧਿਆਪਕ ਜ਼ਰੂਰ ਹੋਵੇ।

3.0 ਦਫ਼ਤਰ ਦੇ ਧਿਆਨ ਵਿਚ ਆਇਆ ਹੈ ਕਿ ਕਈ ਵਾਰ ਅਧਿਆਪਕਾਂ ਦੇ ਛੁੱਟੀ 'ਤੇ ਹੋਣ ਕਾਰਨ ਸਕੂਲ ਬੰਦ ਹੋ ਜਾਂਦਾ ਹੈ ਅਤੇ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਹੁੰਦਾ ਹੈ। ਛੁੱਟੀ ਲੈਣ ਵਾਲੇ ਅਧਿਆਪਕ ਦੀ ਥਾਂ 'ਤੇ ਸਬੰਧਤ ਸੀ.ਐਚ.ਟੀ ਅਤੇ ਬੀ.ਪੀ.ਈ.ਓ ਦੁਆਰਾ ਕੋਈ ਬਦਲਵਾਂ ਪ੍ਰਬੰਧ ਨਹੀਂ ਕੀਤਾ ਜਾਂਦਾ।

4.0 ਸਮੂਹ ਬਲਾਕ ਪ੍ਰਾਇਮਰੀ ਸਿੱਖਿਆ ਅਫਸਰਾਂ ਦੀ ਇਹ ਨਿੱਜੀ ਜ਼ਿੰਮੇਵਾਰੀ ਬਣਦੀ ਹੈ ਕਿ ਬਲਾਕ ਦੇ ਸਾਰੇ ਸਕੂਲਾਂ ਦਾ ਪ੍ਰਬੰਧ ਰੋਜ਼ਾਨਾ ਖੁਦ ਚੈੱਕ ਕੀਤਾ ਜਾਵੇ ਅਤੇ ਇਹ ਯਕੀਨੀ ਬਣਾਇਆ ਜਾਵੇ ਕਿ ਕਿਸੇ ਵੀ ਸਕੂਲ ਦਾ ਸਾਰਾ ਸਟਾਫ਼ ਛੁੱਟੀ 'ਤੇ ਨਾ ਹੋਵੇ।

5.0 ਕਿਸੇ ਸਕੂਲ ਵਿਚ ਅਧਿਆਪਕ ਦੇ ਛੁੱਟੀ ‘ਤੇ ਹੋਣ ਕਾਰਨ ਜੇਕਰ ਉਸ ਸਕੂਲ ਵਿਚ ਅਧਿਆਪਕ ਦੀ ਲੋੜ ਹੋਵੇ ਉੱਥੇ ਨੇੜੇ ਦੇ ਕਿਸੇ ਸਕੂਲ ਵਿਚੋਂ ਤੁਰੰਤ ਕਿਸੇ ਅਧਿਆਪਕ ਦੀ ਆਰਜ਼ੀ ਡਿਊਟੀ ਲਗਾਈ ਜਾਵੇ। ਇਸ ਦੀ ਸੂਚਨਾ ਇੱਕ ਦਿਨ ਪਹਿਲਾਂ ਸਬੰਧਤ ਅਧਿਆਪਕ ਨੂੰ ਦਿੱਤੀ ਜਾਵੇ ਤਾਂ ਜੋ ਉਹ ਸਮੇਂ ਸਿਰ ਹਾਜ਼ਰ ਹੋ ਕੇ ਸਕੂਲ ਦਾ ਕੰਮ ਕਾਜ ਸੰਭਾਲੇ।

6.0 ਬੀ.ਪੀ.ਈ.ਓ ਪੱਧਰ ‘ਤੇ ਇਸ ਤਰ੍ਹਾਂ ਦਾ ਆਰਜ਼ੀ ਪ੍ਰਬੰਧ ਸਿਰਫ਼ ਇੱਕ ਹਫ਼ਤੇ ਲਈ ਹੀ ਕੀਤਾ ਜਾਵੇਗਾ। ਦੋ ਦਿਨਾਂ ਤੋਂ ਵੱਧ ਅਧਿਆਪਕਾਂ ਦੇ ਆਰਜ਼ੀ ਪ੍ਰਬੰਧ ਲਈ ਮੁੱਖ ਦਫ਼ਤਰ ਤੋਂ ਅਗੇਤੀ ਪ੍ਰਵਾਨਗੀ ਲੈਣੀ ਜ਼ਰੂਰੀ ਹੋਵੇਗੀ। ਅਜਿਹੀ ਪ੍ਰਵਾਨਗੀ ਨਾ ਲਏ ਜਾਣ ਦੀ ਸੂਰਤ ਵਿਚ ਸਬੰਧਤ ਬੀ.ਪੀ.ਈ ਓ ‘ਤੇ ਵਿਭਾਗੀ ਕਾਰਵਾਈ ਕੀਤੀ ਜਾਵੇਗੀ।

7.0 ਹੁਕਮਾਂ ਦੀ ਇੰਨ੍ਹ-ਬਿੰਨ੍ਹ ਪਾਲਣਾ ਯਕੀਨੀ ਬਣਾਈ ਜਾਵੇ।

**ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ**

**ਪੱਤਰ ਨੰ.** ਸਸਅ/2010/ਐਚਆਰ/ **ਮਿਤੀ-**

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਜਾਣਕਾਰੀ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:

1. ਸਮੂਹ ਜ਼ਿਲ੍ਹਾ ਸਿੱਖਿਆ ਅਫਸਰ(ਐ.ਸਿ.), ਪੰਜਾਬ।
2. ਸਮੂਹ ਸੈਂਟਰ ਹੈੱਡ ਟੀਚਰਜ਼, ਪੰਜਾਬ।(ਵੈਬਸਾਈਟ ਰਾਹੀਂ)

**ਡਾਇਰੈਕਟਰ ਜਨਰਲ ਸਕੂਲ ਐਜੂਕੇਸ਼ਨ**